**ਸਭੈ ਘਟ ਰਾਮੁ ਬੋਲੈ ਰਾਮਾ ਬੋਲੈ ॥ ਰਾਮ ਬਿਨਾ ਕੋ ਬੋਲੈ ਰੇ ॥੧॥ ਰਹਾਉ ॥ ਏਕਲ ਮਾਟੀ ਕੁੰਜਰ ਚੀਟੀ ਭਾਜਨ ਹੈਂ ਬਹੁ ਨਾਨਾ ਰੇ ॥ ਅਸਥਾਵਰ ਜੰਗਮ ਕੀਟ ਪਤੰਗਮ ਘਟਿ ਘਟਿ ਰਾਮੁ ਸਮਾਨਾ ਰੇ ॥੧॥ ਏਕਲ ਚਿੰਤਾ ਰਾਖੁ ਅਨੰਤਾ ਅਉਰ ਤਜਹੁ ਸਭ ਆਸਾ ਰੇ ॥ ਪ੍ਰਣਵੈ ਨਾਮਾ ਭਏ ਨਿਹਕਾਮਾ ਕੋ ਠਾਕੁਰੁ ਕੋ ਦਾਸਾ ਰੇ ॥੨॥੩॥** {ਪੰਨਾ 988}

ਪਦਅਰਥ:- ਸਭੈ ਘਟ—ਸਾਰੇ ਘਟਾਂ ਵਿਚ। ਰਾਮਾ—ਰਾਮ ਹੀ। ਰੇ—ਹੇ ਭਾਈ! ਕੋ—ਕੌਣ?।1। ਰਹਾਉ।

ਏਕਲ ਮਾਟੀ—ਇੱਕੋ ਹੀ ਮਿੱਟੀ ਤੋਂ। ਕੁੰਜਰ—ਕੁੰਚਰ, ਹਾਥੀ। ਚੀਟੀ—ਕੀੜੀ। ਭਾਜਨ—ਭਾਂਡੇ। ਨਾਨ੍ਹਾ—ਕਈ ਕਿਸਮਾਂ ਦੇ। ਰੇ—ਹੇ ਭਾਈ! ਅਸਥਾਵਰੁ—(ਰੁੱਖ ਪਰਬਤ ਆਦਿਕ ਉਹ ਪਦਾਰਥ) ਜੋ ਇੱਕ ਥਾਂ ਟਿਕੇ ਰਹਿੰਦੇ ਹਨ। ਜੰਗਮ—ਤੁਰਨ ਫਿਰਨ ਹਿੱਲਣ-ਜੁੱਲਣ ਵਾਲੇ ਜੀਅ-ਜੰਤ। ਕੀਟ—ਕੀੜੇ। ਘਟਿ ਘਟਿ—ਹਰੇਕ ਘਟ ਵਿਚ।

ਏਕਲ ਅਨੰਤਾ—ਇਕ ਬੇਅੰਤ ਪ੍ਰਭੂ ਦੀ। ਚਿੰਤਾ—ਧਿਆਨ, ਸੁਰਤ। ਤਜਹੁ—ਛੱਡ ਦਿਉ। ਨਿਹਕਾਮ—ਵਾਸ਼ਨਾ-ਰਹਿਤ। ਕੋ...ਦਾਸਾ—ਉਸ ਦਾਸ ਅਤੇ ਉਸ ਦੇ ਠਾਕੁਰ ਵਿਚ ਫ਼ਰਕ ਨਹੀਂ ਰਹਿ ਜਾਂਦਾ।2।

ਅਰਥ:- ਹੇ ਭਾਈ! ਸਾਰੇ ਘਟਾਂ (ਸਰੀਰਾਂ) ਵਿਚ ਪਰਮਾਤਮਾ ਬੋਲਦਾ ਹੈ, ਪਰਮਾਤਮਾ ਹੀ ਬੋਲਦਾ ਹੈ, ਪਰਮਾਤਮਾ ਤੋਂ ਬਿਨਾ ਹੋਰ ਕੋਈ ਨਹੀਂ ਬੋਲਦਾ।1। ਰਹਾਉ।

ਹੇ ਭਾਈ! ਜਿਵੇਂ ਇਕੋ ਹੀ ਮਿੱਟੀ ਤੋਂ ਕਈ ਕਿਸਮਾਂ ਦੇ ਭਾਂਡੇ ਬਣਾਏ ਜਾਂਦੇ ਹਨ, ਤਿਵੇਂ ਹਾਥੀ ਤੋਂ ਲੈ ਕੇ ਕੀੜੀ ਤਕ, ਨਿਰਜਿੰਦ ਪਦਾਰਥ ਅਤੇ ਸਜਿੰਦ ਜੀ, ਕੀੜੇ-ਪਤੰਗੇ—ਹਰੇਕ ਘਟ ਵਿਚ ਪਰਮਾਤਮਾ ਹੀ ਸਮਾਇਆ ਹੋਇਆ ਹੈ।1।

ਹੇ ਭਾਈ! ਹੋਰ ਸਭਨਾਂ ਦੀ ਆਸ ਛੱਡ, ਇਕ ਬੇਅੰਤ ਪ੍ਰਭੂ ਦਾ ਧਿਆਨ ਧਰ (ਜੋ ਸਭਨਾਂ ਵਿਚ ਮੌਜੂਦ ਹੈ)। ਨਾਮਦੇਵ ਬੇਨਤੀ ਕਰਦਾ ਹੈ—ਜੋ ਮਨੁੱਖ (ਪ੍ਰਭੂ ਦਾ ਧਿਆਨ ਧਰ ਕੇ) ਨਿਸ਼ਕਾਮ ਹੋ ਜਾਂਦਾ ਹੈ ਉਸ ਵਿਚ ਅਤੇ ਪ੍ਰਭੂ ਵਿਚ ਕੋਈ ਭਿੰਨ-ਭੇਦ ਨਹੀਂ ਰਹਿ ਜਾਂਦਾ।2।3।

ਭਾਵ: ਪਰਮਾਤਮਾ ਘਟ ਘਟ ਵਿਚ ਮੌਜੂਦ ਹੈ। ਹੋਰ ਆਸਾਂ ਛੱਡ ਕੇ ਉਸੇ ਦਾ ਆਸਰਾ ਲੈਣਾ ਚਾਹੀਦਾ ਹੈ।